ਘਰੁ ੪ ਸੋਰਠਿ ॥ ਪਾੜ ਪੜੋਸਣਿ ਪੂਛਿ ਲੇ ਨਾਮਾ ਕਾ ਪਹਿ ਛਾਨਿ ਛਵਾਈ ਹੋ ॥ ਤੋ ਪਹਿ ਦੁਗਣੀ ਮਜੂਰੀ ਦੈਹਉ ਮੋ ਕਉ ਬੇਢੀ ਦੇਹੁ ਬਤਾਈ ਹੋ ॥ ੧॥ ਰੀ ਬਾਈ ਬੇਢੀ ਦੇਨੁ ਨ ਜਾਈ ॥ ਦੇਖੁ ਬੇਢੀ ਰਹਿਓ ਸਮਾਈ ॥ ਹਮਾਰੈ ਬੇਢੀ ਪ੍ਰਾਨ ਅਧਾਰਾ ॥੧॥ ਰਹਾਉ ॥ ਬੇਢੀ ਪ੍ਰੀਤਿ ਮਜੂਰੀ ਮਾਂਗੈ ਜਉ ਕੋਊ ਛਾਨਿ ਛਵਾਵੈ ਹੋ ॥ ਲੋਗ ਕੁਟੰਬ ਸਭਹੁ ਤੇ ਤੋਰੈ ਤਉ ਆਪਨ ਬੇਢੀ ਆਵੈ ਹੋ ॥੨॥ ਐਸੋ ਬੇਢੀ ਬਰਨਿ ਨ ਸਾਕਉ ਸਭ ਅੰਤਰ ਸਭ ਠਾਂਈ ਹੋ ॥ ਗੂੰਗੈ ਮਹਾ ਅੰਮ੍ਰਿਤ ਰਸੁ ਚਾਖਿਆ ਪੂਛੇ ਕਹਨੁ ਨ ਜਾਈ ਹੋ ॥੩॥ ਬੇਢੀ ਕੇ ਗੁਣ ਸੁਨਿ ਰੀ ਬਾਈ ਜਲਧਿ ਬਾਂਧਿ ਧ੍ਰੂ ਥਾਪਿਓ ਹੋ ॥ ਨਾਮੇ ਕੇ ਸੁਆਮੀ ਸੀਅ ਬਹੋਰੀ ਲੰਕ ਭਭੀਖਣ ਆਪਿਓ ਹੋ ॥੪॥੨॥ {ਪੰਨਾ 657}

ਪਦਅਰਥ:- ਪਾੜ—ਪਾਰ ਦੀ, ਨਾਲ ਦੀ। ਪੜੋਸਣਿ—ਗੁਆਂਢਣ ਨੇ। ਪੂਛਿ ਲੇ—ਪੁੱਛਿਆ। ਨਾਮਾ—ਹੇ ਨਾਮਦੇਵ! ਕਾ ਪਹਿ—ਕਿਸ ਪਾਸੋਂ? ਛਾਨਿ—ਛੰਤ, ਛਪਰੀ, ਕੁੱਲੀ। ਛਵਾਈ—ਬਣਵਾਈ ਹੈ। ਤੋ ਪਹਿ—ਤੇਰੇ ਨਾਲੋਂ। ਦੈ ਹਉ—ਮੈਂ ਦੇ ਦਿਆਂਗੀ। ਬੇਢੀ—ਤਰਖਾਣ। ਦੇਹੁ ਬਤਾਈ—ਦੱਸ ਦੇਹ।1।

ਰੀ ਬਾਈ—ਹੇ ਭੈਣ! {ਨੋਟ:- ਲਫ਼ਜ਼ 'ਰੀ' ਇਸਤ੍ਰੀ ਲਿੰਗ ਹੈ ਅਤੇ 'ਰੇ' ਪੁਲਿੰਗ ਹੈ; ਜਿੱਥੇ, 'ਰੇ ਲੋਈ' ਆਇਆ ਹੈ ਉੱਥੇ ਲਫ਼ਜ਼ 'ਲੋਈ' ਪੁਲਿੰਗ ਹੈ। } ਦੇਨੁ ਨ ਜਾਈ—ਦਿੱਤਾ ਨਹੀਂ ਜਾ ਸਕਦਾ। ਪ੍ਰਾਣ ਅਧਾਰਾ—ਪ੍ਰਾਣਾਂ ਦਾ ਆਸਰਾ। ਰਹਾਉ।

ਸਭਹੁ ਤੇ—ਸਭਨਾਂ ਨਾਲੋਂ। ਤੋਰੈ—ਤੋੜ ਦੇਵੇ। ਤਉ—ਤਾਂ। ਆਪਨ—ਆਪਣੇ ਆਪ।2।

ਬਰਨਿ ਨ ਸਾਕਉ—ਮੈਂ ਬਿਆਨ ਨਹੀਂ ਕਰ ਸਕਦਾ। ਅੰਤਰ—ਅੰਦਰ। ਠਾਂਈ—ਥਾਂਈ। ਗੂੰਗੈ—ਗੁੰਗੇ ਨੇ। ਪੂਛੇ—ਪੁੱਛਿਆਂ।3।

ਜਲਧਿ—ਸਮੁੰਦਰ। ਬਾਂਧਿ—(ਪੁਲ) ਬੰਨ੍ਹ ਕੇ। ਥਾਪਿਓ—ਅਟੱਲ ਕਰ ਦਿੱਤਾ। ਸੀਅ—ਸੀਤਾ। ਬਹੋਰੀ—(ਰਾਵਣ ਤੋਂ) ਮੋੜ ਲਿਆਂਦੀ। ਆਪਿਓ—ਅਪਣਾ ਦਿੱਤਾ, ਮਾਲਕ ਬਣਾ ਦਿੱਤਾ।4।

ਅਰਥ:- ਨਾਲ ਦੀ ਗੁਆਂਢਣ ਨੇ ਪੁੱਛਿਆ—ਹੇ ਨਾਮੇ! ਤੂੰ ਆਪਣੀ ਛੰਨ ਕਿਸ ਪਾਸੋਂ ਬਣਵਾਈ ਹੈ? ਮੈਨੂੰ ਉਸ ਤਰਖਾਣ ਦੀ ਦੱਸ ਪਾ, ਮੈਂ ਤੇਰੇ ਨਾਲੋਂ ਦੂਣੀ ਮਜੂਰੀ ਦੇ ਦਿਆਂਗੀ।1।

ਹੇ ਭੈਣ! ਉਸ ਤਰਖਾਣ ਦੀ (ਇਸ ਤਰ੍ਹਾਂ) ਦੱਸ ਨਹੀਂ ਪਾਈ ਜਾ ਸਕਦੀ; ਵੇਖ, ਉਹ ਤਰਖਾਣ ਹਰ ਥਾਂ ਮੌਜੂਦ ਹੈ ਤੇ ਉਹ ਮੇਰੀ ਜਿੰਦ ਦਾ ਆਸਰਾ ਹੈ।1। ਰਹਾਉ।

(ਹੇ ਭੈਣ!) ਜੇ ਕੋਈ ਮਨੁੱਖ (ਉਸ ਤਰਖਾਣ ਪਾਸੋਂ) ਛੰਨ ਬਣਵਾਏ ਤਾਂ ਉਹ ਤਰਖਾਣ ਪ੍ਰੀਤ (ਦੀ) ਮਜੂਰੀ ਮੰਗਦਾ ਹੈ; (ਪ੍ਰੀਤ ਭੀ ਅਜਿਹੀ ਹੋਵੇ ਕਿ ਲੋਕਾਂ ਨਾਲੋਂ, ਪਰਵਾਰ ਨਾਲੋਂ, ਸਭਨਾਂ ਨਾਲੋਂ, ਮੋਹ ਤੋੜ ਲਏ; ਤਾਂ ਉਹ ਤਰਖਾਣ ਆਪਣੇ ਆਪ ਆ ਜਾਂਦਾ ਹੈ)।2।

(ਜਿਵੇਂ) ਜੇ ਕੋਈ ਗੁੰਗਾ ਬੜਾ ਸੁਆਦਲਾ ਪਦਾਰਥ ਖਾਏ ਤਾਂ ਪੁੱਛਿਆਂ (ਉਸ ਪਾਸੋਂ ਉਸ ਦਾ ਸੁਆਦ) ਦੱਸਿਆ ਨਹੀਂ ਜਾ ਸਕਦਾ; ਤਿਵੇਂ ਮੈਂ (ਉਸ) ਐਸੇ ਤਰਖਾਣ ਦਾ ਸਰੂਪ ਬਿਆਨ ਨਹੀਂ ਕਰ ਸਕਦਾ, (ਉਂਞ) ਉਹ ਸਭਨਾਂ ਵਿਚ ਹੈ, ਉਹ ਸਭ ਥਾਈਂ ਹੈ।3।

ਹੇ ਭੈਣ! ਉਸ ਤਰਖਾਣ ਦੇ (ਕੁਝ ਥੋੜੇ ਜਿਹੇ) ਗੁਣ ਸੁਣ ਲੈ—ਉਸ ਨੇ ਧ੍ਰੂ ਨੂੰ ਅਟੱਲ ਪਦਵੀ ਦਿੱਤੀ, ਉਸ ਨੇ ਸਮੁੰਦਰ (ਤੇ ਪੁਲ) ਬੱਧਾ, ਨਾਮਦੇਵ ਦੇ (ਉਸ ਤਰਖਾਣ) ਨੇ (ਲੋਕਾਂ ਤੋਂ) ਸੀਤਾ ਮੋੜ ਕੇ ਲਿਆਂਦੀ ਤੇ ਭਭੀਖਣ ਨੂੰ ਲੰਕਾ ਦਾ ਮਾਲਕ ਬਣਾ ਦਿੱਤਾ।4।2।

ਨੋਟ:- ਇਹ ਗੱਲ ਜਗਤ ਵਿਚ ਆਮ ਵੇਖਣ ਵਿਚ ਆਉਂਦੀ ਹੈ ਕਿ ਨਿਰੇ ਪੈਸੇ ਲੈ ਕੇ ਕੰਮ ਕਰਨ ਵਾਲਿਆਂ ਨਾਲੋਂ

ਉਹ ਮਨੁੱਖ ਵਧੀਕ ਖਿੱਚ ਤੇ ਸ਼ੌਕ ਨਾਲ ਕੰਮ ਕਰਦੇ ਹਨ ਜੋ ਪਿਆਰ ਦੀ ਲਗਨ ਨਾਲ ਕਰਦੇ ਹਨ। ਸੰਨ 1922-23 ਵਿਚ ਸ੍ਰੀ ਦਰਬਾਰ ਸਾਹਿਬ ਦੇ ਸਰੋਵਰ ਦੀ ਜੋ ਕਾਰ-ਸੇਵਾ ਪ੍ਰੇਮ-ਆਸਰੇ ਸੋਨੇ ਦੇ ਚੂੜੇ ਵਾਲੀਆਂ ਬੀਬੀਆਂ ਨੇ ਦਿਨਾਂ ਵਿਚ ਹੀ ਸਿਰੇ ਚਾੜ੍ਹ ਦਿੱਤੀ ਸੀ, ਉਹ ਮਜੂਰੀ ਲੈ ਕੇ ਕੰਮ ਕਰਨ ਵਾਲੇ ਮੋਟੇ ਤਕੜੇ ਮਨੁੱਖ ਮਹੀਨਿਆਂ ਵਿਚ ਭੀ ਨਾ ਮੁਕਾਉਂਦੇ।

ਨਾਮਦੇਵ ਜੀ ਮਾਇਆ ਵਲੋਂ ਤਾਂ ਗਰੀਬ ਸਨ, ਪਰ ਪ੍ਰਭੂ-ਪਿਆਰ ਵਿਚ ਰੰਗੇ ਹੋਏ ਸਨ। ਇਕ ਵਾਰੀ ਉਹਨਾਂ ਦਾ ਘਰ ਢਹਿ ਗਿਆ, ਭਗਤ ਨਾਲ ਰੱਬੀ ਪਿਆਰ ਦੀ ਸਾਂਝ ਰੱਖਣ ਵਾਲੇ ਕਿਸੇ ਪਿਆਰ-ਹਿਰਦੇ ਵਾਲੇ ਨੇ ਆ ਕੇ ਬੜੀ ਰੀਝ ਨਾਲ ਉਹ ਘਰ ਮੁੜ ਬਣਾ ਦਿੱਤਾ। ਜਿੱਥੇ ਪ੍ਰੇਮ ਹੈ ਉੱਥੇ ਰੱਬ ਆਪ ਹੈ। ਸਤਸੰਗੀ ਜੋ ਇਕ ਦੂਜੇ ਦਾ ਕੰਮ ਕਰਦੇ ਹਨ, ਪ੍ਰੇਮ ਦੇ ਖਿੱਚੇ ਹੋਏ ਕਰਦੇ ਹਨ, ਪ੍ਰੇਮ-ਦੇ-ਸੋਮੇ ਪ੍ਰਭੂ ਦੇ ਪ੍ਰੇਰੇ ਹੋਏ ਕਰਦੇ ਹਨ, ਉਹਨਾਂ ਪ੍ਰੇਮੀ ਜੀਊੜਿਆਂ ਵਿਚ ਪ੍ਰਭੂ ਆਪ ਬੈਠਾ ਉਹ ਕੰਮ ਕਰਦਾ ਹੈ। ਸੋ, ਇਹ ਕੁਦਰਤੀ ਗੱਲ ਹੈ ਕਿ ਉਹ ਕੰਮ ਹੋਰਨਾਂ ਲੋਕਾਂ ਦੇ ਕੰਮਾਂ ਨਾਲੋਂ ਵਧੀਕ ਚੰਗਾ ਤੇ ਸੋਹਣਾ ਬਣੇ। ਨਾਮਦੇਵ ਜੀ ਦੀ ਗੁਆਂਢਣ ਦੇ ਮਨ ਵਿਚ ਭੀ ਰੀਝ ਆਈ ਉਸ ਤਰਖਾਣ ਦਾ ਪਤਾ ਲੈਣ ਲਈ, ਜਿਸ ਨੇ ਨਾਮਦੇਵ ਦਾ ਕੋਠਾ ਬਣਾਇਆ ਸੀ।

ਨੋਟ:- ਭਗਤ-ਬਾਣੀ ਦੇ ਵਿਰੋਧੀ ਸੱਜਣ ਨੇ ਇਸ ਸ਼ਬਦ ਦੀ ਅਖ਼ੀਰਲੀ ਤੁਕ ਦਾ ਹਵਾਲਾ ਦੇ ਕੇ ਲਿਖਿਆ ਹੈ ਕਿ ਭਗਤ ਨਾਮਦੇਵ ਜੀ ਕਿਸੇ ਸਮੇ ਸ੍ਰੀ ਰਾਮ ਚੰਦਰ ਜੀ ਦੇ ਉਪਾਸ਼ਕ ਸਨ। ਪਰ ਇਸ ਤੋਂ ਪਹਿਲੀ ਤੁਕ ਵਿਰੋਧੀ ਸੱਜਣ ਨੇ ਪੜ੍ਹੀ ਨਹੀਂ ਜਾਪਦੀ, ਜਿਸ ਵਿਚ 'ਧ੍ਰੂ ਥਾਪਿਓ ਹੋ' ਲਿਖਿਆ ਹੋਇਆ ਹੈ। ਧ੍ਰੂ ਭਗਤ ਸ੍ਰੀ ਰਾਮ ਚੰਦਰ ਜੀ ਤੋਂ ਪਹਿਲੇ ਜੁਗ ਵਿਚ ਹੋ ਚੁਕਾ ਸੀ। ਜਿਸ 'ਬੇਢੀ' ਦੇ ਗੁਣ ਨਾਮਦੇਵ ਜੀ ਪੜੋਸਣ ਨੂੰ ਦੱਸ ਰਹੇ ਹਨ 'ਰਹਾਉ' ਦੀਆਂ ਤੁਕਾਂ ਵਿਚ, ਉਸ ਬਾਰੇ ਆਖਦੇ ਹਨ "ਬੇਢੀ ਰਹਿਓ ਸਮਾਈ"। ਸੋ ਨਾਮਦੇਵ ਜੀ ਸਰਬ ਵਿਆਪਕ ਦੇ ਉਪਾਸ਼ਕ ਸਨ।